ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ੍ਰੀ ਦਾਤਾ ਸਿੰਘ (9501055858)
ਪਿੰਡ ਭੁਟਲ ਖੁਰਦ,ਤਹਿ ਮੂਨਕ,
ਜਿਲਾ ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ, ਤਹਿਸੀਲਦਾ, ਮੂਨਕ ।

ਪਹਿਲੀ ਅਪੀਲੀ ਅਥਾਰਟੀ,
ਦਫਤਰ,ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:2097 ਆਫ 2018**

**ਹਾਜ਼ਰ:-**

1) ਅਪੀਲਕਰਤਾ ਵਲੋ ਸ਼੍ਰੀ ਸਚਿਨ ਗੋਇਲ, ਐਡਵੋਕੇਟ (98728-66313।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ਼੍ਰੀ ਸੁਰਿੰਦਰ ਸਿੰਘ, ਤਹਿਸੀਲਦਾਰ (96461-61663), ਮੂਨਕ, ਜ਼ਿਲ੍ਹਾ ਸੰਗਰੂਰ।

**ਹੁਕਮ:-**

ਅੱਜ ਪੇਸ਼ੀ ਸਮੇਂ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਸਚਿਨ ਗੋਇਲ, ਐਡਵੋਕੇਟ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਸੁਰਿੰਦਰ ਸਿੰਘ, ਤਹਿਸੀਲਦਾਰ, ਮੂਨਕ, ਜ਼ਿਲ੍ਹਾ ਸੰਗਰੂਰ ਨੇ ਕਮਿਸ਼ਨ ਵੱਲੋਂ ਉਸ ਨੂੰ ਅਤੇ ਸ਼੍ਰੀ ਸੋਭਾ ਸਿੰਘ ਲੋਕ ਸੂਚਨਾ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮੂਨਕ, ਜ਼ਿਲ੍ਹਾ ਸੰਗਰੂਰ ਨੂੰ ਜਾਰੀ ਕੀਤੇ ਗਏ ਕਾਰਨ-ਦੱਸੋ ਨੋਟਿਸਾਂ ਸਬੰਧੀ ਹਲਫੀਆ-ਬਿਆਨਾਂ, ਮਿਤੀ 15-01-2019 ਰਾਹੀਂ ਸਪੱਸ਼ਟੀਕਰਣ ਪੇਸ਼ ਕੀਤੇ ਗਏ ਹਨ ਜੋ ਕਿ ਮਿਸਲ ਤੇ ਰੱਖ ਲਏ ਗਏ ਹਨ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਵੀ ਪੇਸ਼ ਕੀਤੀ ਹੈ ਜੋ ਕਿ ਵਾਚਣ ਤੇ ਅਧੂਰੀ ਪਾਈ ਗਈ ਹੈ ਅਤੇ ਉਸ ਨੂੰ ਵਾਪਸ ਕਰ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਮੁਕੰਮਲ ਸੂਚਨਾ ਦੇਣ ਲਈ ਸਮੇਂ ਦੀ ਮੰਗ ਕੀਤੀ ਗਈ ਹੈ।ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਮੁਕੰਮਲ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੇ ਖੁਦ ਹਾਜ਼ਰ ਹੋ ਕੇ ਪੇਸ਼ ਕੀਤੀ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 04-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

(1) ਸ਼੍ਰੀ ਸੋਭਾ ਸਿੰਘ ਲੋਕ ਸੂਚਨਾ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਮੂਨਕ, ਜ਼ਿਲ੍ਹਾ ਸੰਗਰੂਰ1

(2) ਸ਼੍ਰੀ ਸੁਰਿੰਦਰ ਸਿੰਘ, ਤਹਿਸੀਲਦਾਰ, ਮੂਨਕ, ਜ਼ਿਲ੍ਹਾ ਸੰਗਰੂਰ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:788, ਪਾਰਕ ਰੋਡ,
ਨਵੀਂ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ। ........ਉੱਤਰਦਾਤਾ

**ਅਪੀਲ ਕੇਸ ਨੰ:2572 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 28-11-2018 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਲਾਲ, ਕਲਰਕ ਨੇ ਦੱਸਿਆ ਸੀ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ. ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਉੱਤਰਦਾਤਾ ਕੋਲੋਂ ਪੱਤਰ ਨੰ:15, ਮਿਤੀ 17-05-2018 ਪ੍ਰਾਪਤ ਹੋਇਆ ਸੀ ਜਿਸ ਦਾ ਜਵਾਬ ਉਸ ਵੱਲੋਂ ਮਿਤੀ 27-05-2018 ਨੂੰ ਭੇਜ ਦਿੱਤਾ ਗਿਆ ਸੀ। ਪਰੰਤੂ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਉਨ੍ਹਾਂ ਦੇ ਪੱਤਰ ਨੰ:15, ਮਿਤੀ 17-05-2018 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਭੇਜੇ ਗਏ ਜਵਾਬ ਸਬੰਧੀ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ_ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ. ਮੇਲ, ਮਿਤੀ 15-01-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣੇ ਪਹਿਲੇ ਜਵਾਬ ਨੂੰ ਦੁਹਰਾਉਂਦੇ ਹੋਏ ਇਹ ਵੀ ਦੱਸਿਆ ਗਿਆ ਹੈ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਹੀ ਕੀਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਉਨ੍ਹਾਂ ਦੇ ਪੱਤਰ ਨੰ:15, ਮਿਤੀ 17-05-2018 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਭੇਜੇ ਗਏ ਜਵਾਬ ਸਬੰਧੀ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਪੇਸ਼ ਕੀਤਾ ਜਾਵੇ।ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2709 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 28-11-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਨੇ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ ਨੂੰ ਮਿਤੀ 25-10-2018 ਨੂੰ ਲਿਖ ਕੇ ਭੇਜ਼ ਦਿੱਤਾ ਗਿਆ ਸੀ ਪਰੰਤੂ ਉਸ ਨੂੰ ਨਾ ਤਾਂ ਮੁਕੰਮਲ ਸੂਚਨਾ ਹੀ ਪ੍ਰਾਪਤ ਹੋਈ ਹੈ ਅਤੇ ਨਾ ਹੀ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 23-10-2018 ਅਨੁਸਾਰ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਹੀ ਮਿਲਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਾਲ ਕ੍ਰਿਸ਼ਨ, ਸੁਪਰਡੰਟ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਬਾਰੇ ਪੱਤਰ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਨੇ ਤਰੁੱਟੀਆਂ ਬਾਰੇ ਪੱਤਰ ਹਾਜ਼ਰ ਉੱਤਰਦਾਤਾ ਨੂੰ ਦਸਤੀ ਦੇ ਦਿੱਤਾ ਸੀ। ਹਾਜ਼ਰ ਉੱਤਰਦਾਤਾ ਨੇ ਅਪੀਲਕਰਤਾ ਨੂੰ ਸੂਚਨਾ ਅਤੇ ਮੁਆਵਜ਼ੇ ਦੀ ਰਕਮ ਦੀ ਅਦਾਇਗੀ ਲਈ ਕੁੱਝ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦੀ ਰਕਮ ਦੀ ਅਦਾਇਗੀ ਬੈਂਕ ਡਰਾਫਟ ਰਾਹੀਂ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਕੀਤੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਨਾ ਤਾਂ ਮੁਕੰਮਲ ਸੂਚਨਾ ਪ੍ਰਾਪਤ ਹੋਈ ਹੈ ਅਤੇ ਨਾ ਹੀ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 23-10-2018 ਅਨੁਸਾਰ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਹੀ ਮਿਲਿਆ ਹੈ।ਉੱਤਰਦਾਤਾ ਵੱਲੋਂ ਅੱਜ ਕੋਈ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਹੀ ਕੀਤਾ ਗਿਆ ਹੈ। ਇਸ

ਚਲਦਾ----ਪੰਨਾ/2

**<u>ਅਪੀਲ ਕੇਸ ਨੰ:2709 ਆਫ਼ 2018</u>**

ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਸੂਚਨਾ ਮੁਹੱਈਆ ਕਰਵਾਈ ਜਾਵੇ, ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦੀ ਰਕਮ ਦੀ ਅਦਾਇਗੀ ਬੈਂਕ ਡਰਾਫਟ ਰਾਹੀਂ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਕੀਤੀ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਨਾਲ ਇਹ ਕੇਸ **<u>ਅਗਲੀ ਸੁਣਵਾਈ ਲਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1, ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ. ਸੰਗਰੂਰ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀਬੀ ਸ਼ਰਨ ਕੌਰ ਖਾਲਸਾ ਮੈਮੋਰੀਅਲ ਕਾਲਿਜ,
ਸ੍ਰੀ ਚਮਕੌਰ ਸਾਹਿਬ,
ਜ਼ਿਲ੍ਹਾ ਰੋਪੜ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3181 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਸੁਮੀਤ ਕੌਰ, ਸਹਾਇਕ ਪ੍ਰੋਫੈਸਰ, (98884-00981) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀਮਤੀ ਆਸ਼ੂ, ਸੀਨੀਅਰ ਸਹਾਇਕ(98887-03358)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਬੀਬੀ ਸ਼ਰਨ ਕੌਰ ਖਾਲਸਾ ਮੈਮੋਰੀਅਲ ਕਾਲਿਜ, ਸ੍ਰੀ ਚਮਕੌਰ ਸਾਹਿਬ, ਜ਼ਿਲ੍ਹਾ ਰੋਪੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਵਿੱਚ ਪੜ੍ਹਦੇ ਵਿਦਿਆਰਥੀਆਂ ਅਤੇ ਪ੍ਰਾਪਤ ਕੀਤੇ ਗਏ ਵਜ਼ੀਫਿਆਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 20-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 20-11-2018 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਸੁਮੀਤ ਕੌਰ, ਸਹਾਇਕ ਪ੍ਰੋਫੈਸਰ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:KCCS/2018-19/609, ਮਿਤੀ 02-11-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ

ਚਲਦਾ----ਪੰਨਾ/2

**ਅਪੀਲ ਕੇਸ ਨੰ:3181 ਆਫ਼ 2018**

ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨਾਂ ਬਾਰੇ ਸਿੱਧੇ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 14-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਸੁਮੀਤ ਕੌਰ, ਸਹਾਇਕ ਪ੍ਰੋਫੈਸਰ ਨੇ ਪੱਤਰ ਨੰ:KCCS/2018-19/754, ਮਿਤੀ 12-01-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸਾਰੀ ਸੂਚਨਾ ਦਿੱਤੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਕਿਸੇ ਹੋਰ ਸੂਚਨਾ ਦੀ ਮੰਗ ਨਹੀਂ ਕੀਤੀ ਗਈ। ਇਸ ਲਈ ਉਨ੍ਹਾਂ ਵੱਲੋ ਇਸ ਕੇਸ ਨੂੰ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ।ਹਾਜ਼ਰ ਉੱਤਰਤਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਸਾਫ ਜ਼ਾਹਿਰ ਹੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਬਿਲਕੁੱਲ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1, ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ. ਸੰਗਰੂਰ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਏ.ਐਸ. ਕਾਲਿਜ ਖੰਨਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3183 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਸ਼੍ਰੀਮਤੀ ਆਸ਼ੂ, ਸੀਨੀਅਰ ਸਹਾਇਕ(98887-03358)।

**ਹਕਮ:**

ਪਿਛਲੀ ਪੇਸ਼ੀ, ਮਿਤੀ 20-11-2018 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਸ਼੍ਰੀ ਰਾਕੇਸ਼ ਕੇ. ਸ਼ਾਹੀ, ਐਡਵੋਕੇਟ ਰਾਹੀਂ ਈ.ਮੇਲ ਦੁਆਰਾ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਆਪਣਾ ਜਵਾਬ ਵੀ ਭੇਜਿਆ ਗਿਆ ਸੀ ਅਤੇ ਬੇਨਤੀ ਕੀਤੀ ਗਈ ਸੀ ਕਿ ਇਸ ਜਵਾਬ ਵਿੱਚ ਪੇਸ਼ ਕੀਤੇ ਗਏ ਤੱਥਾਂ ਦੇ ਅਧਾਰ ਤੇ ਕੇਸ ਦਾ ਫੈਸਲਾ ਕਰ ਦਿੱਤਾ ਜਾਵੇ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਸੀ ਕਿ ਇਸ ਜਵਾਬ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨਾਂ ਬਾਰੇ ਸਿੱਧੇ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 14-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-01-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀਮਤੀ ਆਸ਼ੂ, ਸੀਨੀਅਰ ਸਹਾਇਕ ਨੇ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪ੍ਰਿੰਸੀਪਲ,

ਚਲਦਾ----ਪੰਨਾ/2

**<u>ਅਪੀਲ ਕੇਸ ਨੰ:3183 ਆਫ਼ 2018</u>**

ਏ.ਐਸ. ਕਾਲਿਜ ਖੰਨਾ, ਜ਼ਿਲ੍ਹਾ ਲੁਧਿਆਣਾ ਵੱਲੋਂ ਮੁਹੱਈਆ ਕਰਵਾਈ ਜਾਣੀ ਹੈ। ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪ੍ਰਿੰਸੀਪਲ, ਏ.ਐਸ. ਕਾਲਿਜ ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਪੱਤਰ ਲਿਖ ਕੇ ਕਮਿਸ਼ਨ ਵਿਖੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨ ਦੀ ਹਦਾਇਤ ਕੀਤੀ ਜਾਵੇ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੱਤਾ ਜਾਂਦਾ ਹੈ।ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਲਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਜਸਪਾਲ ਸਿੰਘ, (98729-11012)
(ਜਰਨਲਿਸਟ)
ਦਫ਼ਤਰ ਜੈਨ ਸਕੂਲ ਵਾਲੀ ਗਲੀ,
ਸਾਹਮਣੇ ਜੈਨ ਸੈਨੇਟਰੀ ਹਾਊਸ,
ਮਾਨਸਾ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਹਾਇਕ ਕੰਟਰੋਲਰ,
ਲੀਗਲ ਮੈਟਰੋਲੋਜੀ,
ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਕੰਟਰੋਲਰ,
ਲੀਗਲ ਮੈਟਰੋਲੋਜੀ,ਪੰਜਾਬ,
ਅਨਾਜ ਭਵਨ, ਸੈਕਟਰ-39,
ਚੰਡੀਗੜ੍ਹ। -----ਉੱਤਰਦਾਤਾ

**ਅਪੀਲ ਕੇਸ ਨੰ:3595 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਪਾਲ ਸਿੰਘ, ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਤਵਿੰਦਰ ਸਿੰਘ, ਸਹਾਇਕ ਕੰਟਰੋਲਰ (98880-36031) ਅਤੇ ਸ਼੍ਰੀ ਦਵਿੰਦਰ ਸਿੰਘ, ਇੰਸਪੈਕਟਰ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-07-2018, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਕੰਟਰੋਲਰ, ਲੀਗਲ ਮੈਟਰੋਲੋਜੀ, ਫਿਰੋਜ਼ਪੁਰ ਡਿਵੀਜ਼ਨ, ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਨਿਰੀਖਕ, ਲੀਗਲ ਮੈਟਰੋਲੋਜੀ, ਮਾਨਸਾ ਦੇ ਅਧਿਕਾਰੀਆਂ ਵੱਲੋਂ ਨਾਪ-ਤੋਲ ਸਬੰਧੀ ਮੈਨੂਅਲ/ਇਲੈਕਟਰੋਨਿਕ ਕੰਡੇ/ਵੱਟੇ ਸਬੰਧੀ ਮਿਤੀ 15-12-2017 ਤੋਂ ਮਿਤੀ 22-12-2017 ਤੱਕ ਕੱਟੇ ਗਏ ਚਲਾਨਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਤਵਿੰਦਰ ਸਿੰਘ, ਸਹਾਇਕ ਕੰਟਰੋਲਰ ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਸੂਚਨਾ ਮੁਹੱਈਆ ਕਰਵਾ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ,
ਉਦਯੋਗ ਅਤੇ ਕਮਰਸ ਵਿਭਾਗ,
ਪੰਜਾਬ ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:3640 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ (98882-81841)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-06-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਂਗਰਸ ਸਰਕਾਰ ਬਣਨ ਤੋਂ ਬਾਅਦ ਮਾਈਨਿੰਗ ਲਈ ਬਣਾਈ ਗਈ ਪਾਲਿਸੀ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਲਗਭੱਗ 7 ਮਹੀਨੇ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਮੁਆਵਜ਼ੇ ਲਈ ਵੀ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ ਨੇ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 16 ਜਨਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਵਿਜੈ ਹੰਸ, ਐਡਵੋਕੇਟ, (98883-88052)
ਮਕਾਨ ਨੰ:31,
ਸੱਤਿਆ ਨਿਵਾਸ, ਸਿਲਵਰ ਸਿਟੀ,
ਜ਼ੀਰਕਪੁਰ-140603. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3663 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ(94170-59516)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਸਿੱਖਿਆ ਭਾਵਨ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਡਾਕਟਰ ਭੁਪਿੰਦਰਪਾਲ ਸਿੰਘ, ਦੀ ਬਤੌਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ ਤੈਨਾਤੀ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜਰ਼ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੋਣ ਕਾਰਨ ਦਿੱਤੀ ਨਹੀਂ ਜਾ ਸਕਦੀ ਅਪੀਲਕਰਤਾ ਵੱਲੋਂ ਮੰਗੀ ਗਈ ਸਾਰੀ ਸੂਚਨਾ ਤੀਜੀ ਧਿਰ ਨਾਲ ਸਬੰਧਤ ਨਹੀਂ ਹੈ।ਸੂਚਨਾ ਮੁਹੱਈਆ ਕਰਾਉਣ ਬਾਰੇ ਹਾਜ਼ਰ ਉੱਤਰਤਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਪੰਜਾਬ ਰੈਡ ਕਰਾਸ ਭਵਨ ਨਜਦੀਕ ਰੋਜ ਗਾਰਡਨ,ਸੈਕਟਰ 16 ਚੰਡੀਗੜ੍ਹ
E-mail :- psic23@punjabmail.gov.in, Phone No. 0172-2864113
(www.infocommpunjab.com) Fax : 0172-2864125,2864110

ਸ੍ਰੀ ਦਾਤਾ ਸਿੰਘ (9501055858)
ਪਿੰਡ ਭੁਟਲ ਖੁਰਦ,ਤਹਿ ਮੂਨਕ,
ਜਿਲਾ ਸੰਗਰੂਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:3696 ਆਫ 2018**

**ਹਾਜ਼ਰ:-**

1) ਸ੍ਰੀ ਦਾਤਾ ਸਿੰਘ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-05-2018, ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਭੂਰਾ ਸਿੰਘ, ਪਟਵਾਰੀ, ਹਲਕਾ ਭੂਟਾਲ ਦੀ ਪੜਤਾਲ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3886/ਨਸਕ, ਮਿ;ਤੀ 24-12-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1967/ਨਸਕ, ਮਿਤੀ 12-06-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ ਜਦੋਂ ਕਿ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਮਿਤੀ 01-11-2018 ਨੂੰ ਦੂਜੀ ਅਪੀਲ ਦਾਇਰ ਕੀਤੀ ਗਈ ਅਤੇ ਅੱਜ ਹਾਜ਼ਰ ਹੋ ਕੇ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-02-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਦਬਕੇਸ਼ ਕੁਮਾਰ, (76960-03777)
ਪੁੱਤਰ ਸ਼੍ਰੀ ਗੰਗਾਰਾਮ,
#306, ਨਰਸਿੰਗ ਹੋਸਟਲ, ਫੇਸ-2,
ਜੀ.ਐਮ.ਸੀ.ਐਚ-32,
ਚੰਡੀਗੜ੍ਹ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟੋਰੇਟ ਆਫ
ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟੋਰੇਟ ਆਫ
ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3772 ਆਫ਼ 2018**

**ਹਾਜ਼ਰ:-** 1) ਸ਼੍ਰੀ ਦਬਕੇਸ਼ ਕੁਮਾਰ,ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਧਰਮਿੰਦਰ, ਸੀਨੀਅਰ ਸਹਾਇਕ (78370-03393)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-07-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟੋਰੇਟ ਆਫ ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗਰੁੱਪ ਸੀ ਅਤੇ ਨਰਸਿੰਗ ਸਟਾਫ ਆਦਿ ਨੂੰ ਮਿਲਣ ਵਾਲੀਆਂ ਗਜ਼ਟਿਡ ਛੁੱਟੀਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਧਰਮਿੰਦਰ, ਸੀਨੀਅਰ ਸਹਾਇਕ ਨੇ ਪੱਤਰ ਨੰ:1ਐ.ਈ.-2-ਪੰ:2018/18083-85, ਮਿਤੀ 23-10-2018 ਦੀ ਕਾਪੀ ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਹਨ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 20-02-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 16 **ਜਨਵਰੀ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸੁਰਜੀਤ ਸਿੰਘ, (96460-15549)
ਮਕਾਨ ਨੰ:326/12,
ਮੁਹੱਲਾ ਬਾਬੂ ਪਰਮਾਨੰਦ ਨਗਰ,
ਤ੍ਰਿਮੋ ਰੋਡ, ਗੁਰਦਾਸਪੁਰ। ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਨਿਗਮ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਕਮਿਸ਼ਨਰ, ਨਗਰ ਨਿਗਮ,
ਲੁਧਿਆਣਾ। ........ ਉੱਤਰਦਾਤਾ

**ਅਪੀਲ ਕੇਸ ਨੰ:2875 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ (92573-49508)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-05-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਨਿਗਮ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 01-04-2010 ਤੋਂ 26-07-2018 ਤੱਕ ਆਮਦਨ ਕਰ ਦੀ ਕਟੌਤੀ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 28-11-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ ਸੂਚਨਾ ਲੈ ਕੇ ਹਾਜ਼ਰ ਹੋਏ ਸੀ ਪਰੰਤੂ ਉਨ੍ਹਾਂ ਵੱਲੋ ਸੂਚਨਾ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ ਸੀ, ਜਿਸ ਤੋਂ ਇਹ ਪਤਾ ਚੱਲ ਸਕੇ ਇਹ ਸੂਚਨਾ ਕਿਸ ਨੂੰ ਸੰਬੋਧਿਤ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਨੇ ਇਸ ਵਾਸਤੇ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਬਾਕਾਇਦਾ ਕਵਰਿੰਗ ਪੱਤਰ ਲਗਾ ਕੇ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ

ਚਲਦਾ---ਪੰਨਾ/2

**<u>ਅਪੀਲ ਕੇਸ ਨੰ:2875 ਆਫ਼ 2018</u>**

ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ ਨੇ ਪੱਤਰ ਨੰ:452/ਪੀ.ਆਈ.ਓ., ਮਿਤੀ 16-01-2018 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋਂ ਉਸ ਵੱਲੋਂ ਪੋਸਟਲ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਦਵਿੰਦਰ ਕੁਮਾਰ,
ਪੁੱਤਰ ਸ਼੍ਰੀ ਰਾਮ ਮੂਰਤੀ,
ਪਿੰਡ ਤੇ ਡਾਕਖਾਨਾ ਸਿਧਵਾਂ ਬੇਟ,
ਤਹਿਸੀਲ ਜਗਰਾਓਂ,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ,
ਸਥਾਨਕ ਸਰਕਾਰ ਵਿਭਾਗ,
(ਸਥਾਨਕ ਸਰਕਾਰ-2 ਸ਼ਾਖਾ) ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਮੁੱਖ ਸਕੱਤਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
ਚੰਡੀਗੜ੍ਹ ......... ਉੱਤਰਦਾਤਾ

**ਅਪੀਲ ਕੇਸ ਨੰ:2756 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ- ਲੋਕ ਸੂਚਨਾ ਅਧਿਕਾਰੀ ਦਫ਼ਤਰ ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ, (98551-37953) ਅਤੇ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ (78379-66836) ਨਗਰ ਸੁਧਾਰ ਟਰੱਸਟ, ਲੁਧਿਆਣਾ ।

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 16-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਨੇ ਦਫ਼ਤਰ ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਕਾਰਜ ਸਾਧਕ ਅਫਸਰ, ਨਗਰ ਸੁਧਾਰ ਟਰੱਸਟ, ਲੁਧਿਆਣਾ ਅਤੇ ਡਾਇਰੈਕਟਰ, ਟਰੱਸਟ ਸਰਵਿਸ ਸੈਂਲ, ਸਥਾਨਕ ਸਰਕਾਰ ਨਾਲ ਹੋਣ ਕਾਰਨ ਉਨ੍ਹਾਂ ਵੱਲੋ ਅਪੀਲਕਰਤਾ ਦੀ ਆਰ.ਟੀ.ਆਈ. ਮਿਤੀ 05-06-2018 ਨੂੰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕਰ ਦਿੱਤੀ ਗਈ ਸੀ। ਨਗਰ ਸੁਧਾਰ ਟਰੱਸਟ, ਲੁਧਿਆਣਾ ਵੱਲੋਂ ਹਾਜ਼ਰ ਸ਼੍ਰੀ ਹਰਮੀਤ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ:ਲਟ/ਆਰ.ਟੀ.ਆਈ./13452, ਮਿਤੀ 11-01-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਦੀ ਦਰਖਾਸਤ ਮਿਤੀ 06-12-2018 ਦਾ ਜਵਾਬ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:ਲਟ/ਆਰ.ਟੀ.ਆਈ./13297, ਮਿਤੀ 03-01-2019 ਰਾਹੀਂ ਭੇਜਿਆ ਜਾ ਚੁੱਕਾ ਹੈ। ਪਰੰਤੂ ਉਸ ਵੱਲੋਂ ਪੇਸ਼ ਕੀਤਾ ਗਿਆ ਜਵਾਬ ਕਮਿਸ਼ਨ ਵੱਲੋਂ ਨਾ-ਤਸੱਲੀਬਖਸ਼ ਪਾਇਆ ਗਿਆ ਹੈ। ਇਸ ਲਈ ਨਗਰ ਸੁਧਾਰ ਟਰੱਸਟ, ਲੁਧਿਆਣਾ ਵੱਲੋਂ ਹਾਜ਼ਰ ਉੱਤਰਦਾਤਾ ਨੂੰ

ਚਲਦਾ---ਪੰਨਾ/2

**ਅਪੀਲ ਕੇਸ ਨੰ:2756 ਆਫ਼ 2018**

ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਬਾਰੇ ਸਮਝਾ ਦਿੱਤਾ ਗਿਆ ਹੈ ਅਤੇ ਉਸ ਵੱਲੋਂ ਵਿਸਥਾਰ-ਪੂਰਵਕ ਜਵਾਬ ਪੇਸ਼ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਵੱਲੋਂ ਹਾਜ਼ਰ ਉੱਤਰਦਾਤਾ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਜਾਂਦੀ ਹੈ। ਇਹ ਕੇਸ **ਅਗਲੀ ਸੁਣਵਾਈ ਮਿਤੀ** 11-02-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ :-**

1) ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ, ਸਥਾਨਕ ਸਰਕਾਰ (ਟਰੱਸਟ ਸਰਵਿਸ ਸੈਂਲ), ਪੰਜਾਬ ਚੰਡੀਗੜ੍ਹ; ਅਤੇ
2) ਲੋਕ ਸੂਚਨਾ ਅਧਿਕਾਰੀ ਦਫ਼ਤਰ ਕਾਰਜ ਸਾਧਕ ਅਫਸਰ, ਨਗਰ ਸੁਧਾਰ ਟਰੱਸਟ, ਲੁਧਿਆਣਾ,

ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਕਰਨ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਬੰਸ ਸਿੰਘ, (98773-06580)
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:3515 ਆਫ਼ 2013**

**ਹਾਜ਼ਰ:**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਪਰਮਜੀਤ ਸਿੰਘ, ਜੂਨੀਅਰ ਸਹਾਇਕ (99142-22265) ਦਫਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ।

**ਹੁਕਮ:**

ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 16-01-2018 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਪਰਮਜੀਤ ਸਿੰਘ, ਜੂਨੀਅਰ ਸਹਾਇਕ ਦਫਤਰ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਨੇ ਦੱਸਿਆ ਹੈ ਕਿ ਇਸ ਕੇਸ ਨਾਲ ਸਬੰਧਤ ਕੇਸ ਦੀ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਮੁਕਤਸਰ ਕੋਲ ਚੱਲ ਰਹੀ ਸੁਣਵਾਈ ਮੁਕੰਮਲ ਹੋਣ ਵਾਲੀ ਹੈ ਅਤੇ ਜਲਦੀ ਹੀ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ,

ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਚਰਨ ਸਿੰਘ, (98788-32991)
ਪੁੱਤਰ ਸ਼੍ਰੀ ਜ਼ੋਰਾ ਸਿੰਘ,
ਪਿੰਡ ਸਫੀਪੁਰ ਕਲਾਂ,
ਡਾਕਖਾਨਾ ਕਮਾਲਪੁਰ,
ਥਾਣਾ ਦਿੜ੍ਹਬਾ, ਤਹਿਸੀਲ ਦਿੜ੍ਹਬਾ,
ਜਿਲ੍ਹਾ ਸੰਗਰੂਰ। ..........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:959 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਏ.ਐਸ.ਆਈ. ਸ਼ਸ਼ੀ ਕਪੂਰ ਅਤੇ ਐਚ.ਸੀ. ਤੇਜਿੰਦਰ ਸਿੰਘ ਦੇ ਖਿਲਾਫ ਇਸਤਗਾਸਾ ਨੰ:215, ਮਿਤੀ 06-10-2008 ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-09-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-10-2018 ਨੂੰ ਪਹਿਲੀ ਸੁਣਵਾਈ ਮਿਤੀ 14-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ ਮਿਤੀ, 08-01-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:108-ਅਪੀਲ/ਆਰ.ਟੀ.ਆਈ., ਮਿਤੀ 07-01-2019 ਰਾਹੀਂ ਜਵਾਬ ਪੇਸ਼ ਕਰਦੇ ਹੋਏ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਪੱਤਰ ਮਿਤੀ 05/12/2018 ਰਾਹੀ ਸੂਚਨਾ ਭੇਜੀ ਜਾ ਚੁੱਕੀ ਹੈ ਜਿਸ ਅਨੁਸਾਰ ਦੱਸਿਆ ਗਿਆ ਸੀ ਕਿ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ:19578 ਆਫ਼ 2011 ਵਿੱਚ ਪਾਸ ਕੀਤੀ ਗਈ ਜੱਜਮੈਂਟ ਅਨੁਸਾਰ ਕਿਸੇ ਕਰਮਚਾਰੀ ਨੂੰ ਮਾਣਯੋਗ ਅਦਾਲਤ ਵੱਲੋਂ ਸਜਾ ਦਾ ਹੁਕਮ ਹੋਣ ਉਪਰੰਤ ਡਿਸਮਿਸ ਕੀਤਾ ਜਾਣਾ ਲਾਜ਼ਮੀ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਘੋਖਣ ਤੇ ਇਹ ਪਾਇਆ ਗਿਆ ਸੀ ਕਿ ਇਹ ਜਵਾਬ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 14-11-2018 ਅਨੁਸਾਰ ਸਹੀ ਨਹੀਂ ਸੀ ਕਿਉਂਕਿ ਇਸ ਵਿੱਚ ਇਹ ਜ਼ਿਕਰ ਨਹੀਂ ਕੀਤਾ ਗਿਆ ਸੀ ਕਿ ਸਬੰਧਤ ਮੁਲਾਜ਼ਮ ਸ਼ਸ਼ੀ ਕਪੂਰ, ਏ.ਐਸ.ਆਈ. ਅਤੇ ਤੇਜਿੰਦਰ ਸਿੰਘ ਐਚ.ਸੀ. ਇਸ ਵੇਲੇ ਸਰਕਾਰੀ ਸੇਵਾ ਕਰ ਰਹੇ ਹਨ

ਚਲਦਾ---ਪੰਨਾ/2

**<u>ਸ਼ਿਕਾਇਤ ਕੇਸ ਨੰ:959 ਆਫ਼ 2018</u>**

ਜਾਂ ਨਹੀਂ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਪੂਰੇ ਵੇਰਵੇ ਸਹਿਤ ਸਪੱਸ਼ਟ ਸੂਚਨਾ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:108-ਅਪੀਲ/ਆਰ.ਟੀ.ਆਈ., ਮਿਤੀ 16-01-2019 ਰਾਹੀਂ ਆਪਣਾ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਗਿਆ ਹੈ ਜਿਸ ਰਾਹੀਂ ਦੱਸਿਆ ਗਿਆ ਹੈ ਕਿ ਸਬੰਧਤ ਮੁਲਾਜ਼ਮ ਸ਼ਸ਼ੀ ਕਪੂਰ, ਏ.ਐਸ.ਆਈ. ਅਤੇ ਤੇਜਿੰਦਰ ਸਿੰਘ ਐਚ.ਸੀ. ਇਸ ਵੇਲੇ ਮਹਿਕਮਾ ਪੁਲਿਸ ਵਿੱਚ ਨੌਕਰੀ ਕਰ ਰਹੇ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਤਾਜ਼ਾ (Latest Reply) ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 16 ਜਨਵਰੀ, 2019.**

**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਲਵਪ੍ਰੀਤ ਸਿੰਘ (94658-91000)
ਪੁੱਤਰ ਸ਼੍ਰੀ ਪਿੰਦਰਪਾਲ ਸਿੰਘ,
ਪਿੰਡ ਤੇ ਡਾਕਖਾਨਾ, ਕਾਤਰੋਂ,
ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। ....... ਉੱਤਰਦਾਤਾ

**ਸ਼ਿਕਾਇਤ ਕੇਸ ਨੰ:1146 ਆਫ਼ 2018**

**ਹਾਜ਼ਰ:-** 1) ਸ਼੍ਰੀ ਲਵਪ੍ਰੀਤ ਸਿੰਘ ਸ਼ਿਕਾਇਤਕਰਤਾ ਸਮੇਤ ਆਪਣੇ ਪਿਤਾ ਸ਼੍ਰੀ ਪਿੰਦਰਪਾਲ ਸਿੰਘ।
2) ਉੱਤਰਦਾਤਾ ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਥਾਣਾ ਸਿਟੀ, ਧੂਰੀ ਦੇ ਰਜਿਸਟਰ ਨੰ:19 ਦੇ ਮੁਕੱਦਿਆਂ ਅਤੇ ਮਾਲ ਮੁਕੱਦਿਆਂ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-10-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:117-ਅਪੀਲ/ਆਰ.ਟੀ.ਆਈ., ਮਿਤੀ 16-01-2019 ਰਾਹੀਂ ਜਵਾਬ ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:2874/5ਏ, ਮਿਤੀ 19-10-208 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ 23-10-2018 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਉੱਤਰਦਾਤਾ ਵੱਲੋ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਗਿਆ ਸੀ ਇਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ ਕਿਉਂਕਿ ਸ਼ਿਕਾਇਤਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਤੋਂ ਇਲਾਵਾ ਇਸ ਕੇਸ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਜਨਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**